ਵਿਦੇਸ਼ ਮੰਤਰੀ ਨੇ ਕੈਨੇਡਾ ਦੀ ਵਿਦੇਸ਼ ਮੰਤਰੀ ਅਨੀਤਾ ਆਨੰਦ ਨਾਲ ਮੁਲਾਕਾਤ ਕੀਤੀ

ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਨੇ ਅੱਜ ਨਵੀਂ ਦਿੱਲੀ ਵਿੱਚ ਕੈਨੇਡਾ ਦੀ ਵਿਦੇਸ਼ ਮੰਤਰੀ ਸ਼੍ਰੀਮਤੀ ਅਨੀਤਾ ਆਨੰਦ ਨਾਲ ਮੁਲਾਕਾਤ ਕੀਤੀ।

2. ਬੈਠਕ ਦੌਰਾਨ, ਦੋਵਾਂ ਮੰਤਰੀਆਂ ਨੇ ਦੁਵੱਲੇ ਸਬੰਧਾਂ ਨੂੰ ਮਜ਼ਬੂਤ ਕਰਨ ਅਤੇ ਭਾਰਤ-ਕੈਨੇਡਾ ਰਣਨੀਤਿਕ ਸਾਂਝੇਦਾਰੀ ਦੇ ਮੁੱਖ ਖੇਤਰਾਂ ਵਿੱਚ ਸਹਿਯੋਗ ਨੂੰ ਅੱਗੇ ਵਧਾਉਣ ਲਈ ਚੱਲ ਰਹੇ ਯਤਨਾਂ ਦੀ ਸਮੀਖਿਆ ਕੀਤੀ। ਉਨ੍ਹਾਂ ਨੇ ਸੁਰੱਖਿਆ ਅਤੇ ਰੱਖਿਆ ਸਹਿਯੋਗ ਨੂੰ ਵਧਾਉਣ ਦੇ ਨਾਲ-ਨਾਲ ਊਰਜਾ ਸਹਿਯੋਗ ਦੇ ਵਿਸਤਾਰ ਬਾਰੇ ਵਿਚਾਰਾਂ ਦਾ ਵਿਸਤ੍ਰਿਤ ਆਦਾਨ-ਪ੍ਰਦਾਨ ਕੀਤਾ।

3. ਮੰਤਰੀਆਂ ਨੇ ਆਪਣੀ ਆਰਥਿਕ ਭਾਈਵਾਲੀ ਨੂੰ ਮਜ਼ਬੂਤ ਕਰਨ, ਦੁਵੱਲੇ ਵਪਾਰ ਦਾ ਵਿਸਤਾਰ ਕਰਨ ਅਤੇ ਸਿੱਖਿਆ, ਵਿਗਿਆਨ ਅਤੇ ਤਕਨਾਲੋਜੀ, ਲੋਕਾਂ ਵਿਚਕਾਰਲੇ ਆਪਸੀ ਸਬੰਧਾਂ ਅਤੇ ਬਹੁਪੱਖੀ ਮੰਚਾਂ ਵਿੱਚ ਸਹਿਯੋਗ ਨੂੰ ਅੱਗੇ ਵਧਾਉਣ ਦੇ ਮੌਕਿਆਂ 'ਤੇ ਵੀ ਚਰਚਾ ਕੀਤੀ। ਉਨ੍ਹਾਂ ਨੇ ਆਪਸੀ ਹਿੱਤਾਂ ਵਾਲੇ ਖੇਤਰੀ ਅਤੇ ਵਿਸ਼ਵ-ਵਿਆਪੀ ਘਟਨਾਕ੍ਰਮਾਂ 'ਤੇ ਆਪਣੇ ਦ੍ਰਿਸ਼ਟੀਕੋਣਾਂ ਦਾ ਆਦਾਨ-ਪ੍ਰਦਾਨ ਕੀਤਾ।

4. ਮੰਤਰੀਆਂ ਨੇ ਦੋਵਾਂ ਦੇਸ਼ਾਂ ਦਰਮਿਆਨ ਉੱਚ-ਪੱਧਰੀ ਸਬੰਧਾਂ ਦੀ ਗਤੀ ਨੂੰ ਬਰਕਰਾਰ ਰੱਖਣ ਅਤੇ ਇਸ ਨੂੰ ਠੋਸ ਨਤੀਜਿਆਂ ਵਿੱਚ ਬਦਲਣ ਦੇ ਮਹੱਤਵ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਇੱਕ ਵਿਆਪਕ ਆਰਥਿਕ ਸਾਂਝੇਦਾਰੀ ਸਮਝੌਤੇ (ਸੀਈਪੀਏ) 'ਤੇ ਗੱਲਬਾਤ ਨੂੰ ਜਲਦੀ ਨੇਪਰੇ ਚਾੜ੍ਹਨ ਦੀ ਦਿਸ਼ਾ ਵਿੱਚ ਹੋਈ ਪ੍ਰਗਤੀ ਦੀ ਵੀ ਸ਼ਲਾਘਾ ਕੀਤੀ।

5. ਬੈਠਕ ਵਿੱਚ ਦੋਵਾਂ ਧਿਰਾਂ ਦੀ ਇੱਕ ਉਸਾਰੂ ਅਤੇ ਅਗਾਂਹਵਧੂ ਸਾਂਝੇਦਾਰੀ ਨੂੰ ਅੱਗੇ ਵਧਾਉਣ ਦੀ ਵਚਨਬੱਧਤਾ ਦੀ ਪੁਸ਼ਟੀ ਕੀਤੀ ਗਈ ਜੋ ਭਾਰਤ ਅਤੇ ਕੈਨੇਡਾ ਦੇ ਲੋਕਾਂ ਲਈ ਠੋਸ ਲਾਭ ਪ੍ਰਦਾਨ ਕਰਦੀ ਹੈ।

ਨਵੀਂ ਦਿੱਲੀ

14 ਅਕਤੂਬਰ, 2026